**ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ), ਪੰਜਾਬ, ਐਸ.ਏ.ਐਸ. ਨਗਰ**
**ਚੌਥੀ ਮੰਜਿਲ, ਈ ਬਲਾਕ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ. ਮੋਹਾਲੀ**
**(ਕੋਆਰਡੀਨੇਸ਼ਨ ਸ਼ਾਖਾ)**

---

ਸੇਵਾ ਵਿਖੇ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ), ਪੰਜਾਬ।
2. ਸਮੂਹ ਪ੍ਰਿੰਸੀਪਲ/ਸਕੂਲ ਮੁੱਖੀ, ਪੰਜਾਬ।
   (ਵੈਬਸਾਈਟ ਰਾਹੀਂ)

ਮੀਮੋ ਨੰ: 15/1-2019 ਕੋ (1)/2020 86 164
ਮਿਤੀ: 11.03.2020

**ਵਿਸ਼ਾ:** **ਦਫਤਰਾਂ/ਵਿਭਾਗਾਂ/ਅਦਾਰਿਆਂ/ਅਰਧ ਸਰਕਾਰੀ ਅਦਾਰਿਆਂ/ ਬੋਰਡ/ ਨਿਗਮ/ ਵਿਦਿਅਕ ਸੰਸਥਾਵਾਂ ਆਦਿ ਦੇ ਨਾਮ ਸਭ ਤੋਂ ਉਪਰਲੇ ਪਾਸੇ ਪੰਜਾਬੀ ਭਾਸ਼ਾ (ਗੁਰਮੁੱਖੀ ਲਿੱਪੀ) ਵਿੱਚ ਲਿਖਣ ਸਬੰਧੀ।**

ਹਵਾਲਾ: ਪੰਜਾਬ ਸਰਕਾਰ, ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ (ਸਿੱਖਿਆ ਸੈਲ) ਦਾ ਪੱਤਰ ਨੰ: 6/41/19-2ਸਿੱ.ਸੈਲ /413-423 ਮਿਤੀ. 19.02.2020.

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਦੀ ਕਾਪੀ ਆਪ ਨੂੰ ਇੰਨ ਬਿੰਨ ਪਾਲਣਾ ਹਿੱਤ ਭੇਜੀ ਜਾਂਦੀ ਹੈ।

11.3.2020
ਸਹਾਇਕ ਡਾਇਰੈਕਟਰ (ਕੋ. ਸ਼ਾਖਾ)

ਪਿੱ. ਅੰ. ਨੰ: ਉਕਤ ਮਿਤੀ. 11 .03.2020

ਉਤਾਰਾ ਹੇਠ ਲਿਖਿਆ ਨੂੰ ਇੰਨ ਬਿੰਨ ਪਾਲਣਾ ਹਿੱਤ ਭੇਜਿਆ ਜਾਂਦਾ ਹੈ:-

1. ਪੀ.ਆਰ.ਓ./ਸਕੱਤਰ ਸਕੂਲ ਸਿੱਖਿਆ, ਪੰਜਾਬ (ਸੂਚਨਾ ਹਿੱਤ)
2. ਰਜਿਸਟਰਾਰ ਸਿੱਖਿਆ ਵਿਭਾਗ।

11.3.2020
ਸਹਾਇਕ ਡਾਇਰੈਕਟਰ (ਕੋ. ਸ਼ਾਖਾ)

ਪੰਜਾਬ ਸਰਕਾਰ

ਉਚੇਰੀ ਸਿਖਿਆ ਤੇ ਭਾਸ਼ਾ ਵਿਭਾਗ

(ਸਿੱਖਿਆ ਸੈਲ)

**ਹੁਕਮ**

ਉਚੇਰੀ ਸਿਖਿਆ ਤੇ ਭਾਸ਼ਾ ਵਿਭਾਗ ਦੇ ਨੰ: 861-ਆਈਐਲਜੀ-68/4661, ਮਿਤੀ 09 ਫਰਵਰੀ, 1968 ਰਾਹੀਂ ਪੰਜਾਬ ਰਾਜ ਭਾਸ਼ਾ ਐਕਟ, 1967 ਦੀ ਧਾਰਾ 4 ਦੇ ਅਧੀਨ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 13 ਅਪ੍ਰੈਲ, 1968 ਤੋਂ ਪੰਜਾਬ ਰਾਜ ਦੇ ਪ੍ਰਸ਼ਾਸਨ ਵਿਚ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਦੀ ਵਰਤੋਂ ਕਰਨ ਸਬੰਧੀ ਅਧਿਸੂਚਨਾ ਜਾਰੀ ਕੀਤੀ ਗਈ ਸੀ। ਇਸ ਲਈ ਸਮੁੱਚੇ ਪੰਜਾਬ ਰਾਜ ਵਿੱਚ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਨੂੰ ਵਧੇਰੇ ਮਹੱਤਤਾ ਦੇਣ ਲਈ ਸਮੂਹ ਸਰਕਾਰੀ ਦਫਤਰਾਂ/ਵਿਭਾਗਾਂ/ਅਦਾਰਿਆਂ/ਅਰਧ ਸਰਕਾਰੀ ਅਦਾਰਿਆਂ/ਬੋਰਡ/ਨਿਗਮ/ਵਿਦਿਅਕ ਸੰਸਥਾਵਾਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ, ਨਾਮ-ਪੱਟੀਆਂ/ ਮੀਲ ਪੱਥਰ/ ਸਾਈਨ ਬੋਰਡ ਲਿਖਣ ਸਮੇਂ, ਸਭ ਤੋਂ ਪਹਿਲਾਂ ਉਪਰਲੇ ਪਾਸੇ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਵਿੱਚ ਲਿਖੇ ਜਾਣ। ਜੇਕਰ ਕਿਸੇ ਹੋਰ ਭਾਸ਼ਾ ਵਿਚ ਨਾਮ ਲਿਖਣਾ ਹੋਵੇ ਤਾਂ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਤੋਂ ਹੇਠਾਂ ਦੂਸਰੀ ਭਾਸ਼ਾ ਵਿੱਚ ਲਿਖਿਆ ਜਾਵੇ। ਇਸ ਸਬੰਧੀ ਨਮੂਨੇ ਦੀ ਕਾਪੀ ਨਾਲ ਨੱਥੀ ਕੀਤੀ ਜਾਂਦੀ ਹੈ।

2. ਇਨ੍ਹਾਂ ਹੁਕਮਾਂ ਦੀ ਇੰਨ-ਬਿੰਨ ਪਾਲਣਾ ਕਰਨਾ ਯਕੀਨੀ ਬਣਾਇਆ ਜਾਵੇ।

ਰਾਹੁਲ ਭੰਡਾਰੀ, ਆਈ.ਏ.ਐਸ.,
ਸਕੱਤਰ, ਪੰਜਾਬ ਸਰਕਾਰ,
ਉਚੇਰੀ ਸਿਖਿਆ ਤੇ ਭਾਸ਼ਾ ਵਿਭਾਗ।

ਮਿਤੀ,ਚੰਡੀਗੜ੍ਹ:
18.02.2020

ਪਿੱ:ਅੰ:ਨੰ:6/41/19-2ਸਿ.ਸੈਲ/ 413-423

ਮਿਤੀ,ਚੰਡੀਗੜ੍ਹ: 19/2/2020

ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1) ਸਕੱਤਰ/ਮੁੱਖ ਸਕੱਤਰ ਪੰਜਾਬ।
2) ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰ/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।
3) ਸਕੱਤਰ, ਪੰਜਾਬ ਵਿਧਾਨ ਸਭਾ ਸਕੱਤਰੇਤ।
4) ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ।
5) ਸਮੂਹ ਡਵੀਜਨਾਂ ਦੇ ਕਮਿਸ਼ਨਰ।
6) ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ।
7) ਪੰਜਾਬ ਰਾਜ ਦੇ ਸਮੂਹ ਜ਼ਿਲ੍ਹਾ ਅਤੇ ਸੈਸ਼ਨ ਜੱਜ।
8) ਪੰਜਾਬ ਰਾਜ ਦੇ ਸਮੂਹ ਡਿਪਟੀ ਕਮਿਸ਼ਨਰ ਅਤੇ ਸਮੂਹ ਉਪ ਮੰਡਲ ਮੈਜਿਸਟ੍ਰੇਟ।
9) ਸਮੂਹ ਬੋਰਡਾਂ/ਕਾਰਪੋਰੇਸ਼ਨਾਂ ਦੇ ਚੇਅਰਮੈਨ।
10) ਸਮੂਹ ਨਗਰ ਨਿਗਮ ਅਤੇ ਨਗਰ ਪਾਲਿਕਾ ਦੇ ਕਮਿਸ਼ਨਰ ਅਤੇ ਕਾਰਜ ਸਾਧਕ ਅਫ਼ਸਰ।
11) ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ।

ਵਿਸ਼ੇਸ਼ ਸਕੱਤਰ ਉਚੇਰੀ ਸਿਖਿਆ

ਅੰਦਰੂਨੀ ਵੰਡ:-

1) ਸਕੱਤਰ/ਉ.ਸਿੱ.ਮੰਤਰੀ
2) ਨਿਜੀ ਸਕੱਤਰ/ਸ.ਉ.ਸਿੱ.
3) ਨਿਜੀ ਸਹਾਇਕ/ਵਿ.ਸ.ਉ.ਸਿੱ.

# ਨਮੂਨਾ

ਕੇਵਲ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ ਵਿੱਚ)

ਹੋਰਨਾਂ ਭਾਸ਼ਾਵਾਂ ਵਿੱਚ